# MAJOR REPRIEVE TO INDUSTRIALISTS AS PUNJAB GOVERNMENT INTRODUCES OTS SCHEME TO RESOLVE THEIR LONG PENDING CASES

## MOVE TO BENEFIT 1145 INDUSTRIALISTS ACROSS PUNJAB

## INDUSTRIALISTS CAN AVAIL THIS SCHEME BY DECEMBER 31, 2025

Chandigarh, March 3:

In a major reprieve to the industrialists of the state, Punjab Cabinet led by Chief Minister Bhagwant Singh Mann on Monday gave nod to introduce a historic One Time Settlement (OTS) scheme to resolve more than four decades old pending cases to provide long-awaited relief to industrialists.

A decision to this effect was taken in a meeting of the Council of Ministers held under the chairmanship of the Chief Minister here at his official residence today.

Disclosing this here today a spokesperson of the Chief Minister's Office said that this OTS scheme will facilitate the industrialists to settle industrial disputes related to enhanced land costs and delayed principal payments thereby ensuring that long-standing grievances of industrialists are resolved in a fair and transparent manner. Approximately 1145 industrialists across Punjab will benefit from this scheme, allowing them to clear their dues and reinvest in their businesses, leading to economic growth and job creation. These industrialists collectively employ thousands of people, and the financial relief provided by the OTS scheme will further stabilize businesses, prevent closures and lead to new employment opportunities.

The scheme will apply to defaulter plot holders whose original allotment was issued on or before January 1, 2020, ensuring that long-pending cases are addressed effectively. Industrial plots, sheds and residential plots in Industrial Focal Points developed by Punjab State Industries Export Corporation (PSIEC) across Punjab will be covered under this scheme, making it a broad-based initiative for industrial revival. As per the scheme, the government will provide a significant financial relief measure by allowing defaulters to clear dues with a nominal simple interest rate of 8%, along with a 100% waiver of penal interest.

Even plot holders whose allotments were cancelled will now have a chance to get them back by paying their dues, giving businesses a second chance to restart and grow. The scheme will enable industries to free themselves from large financial burdens and legal complexities, unlocking their potential for expansion and modernization. The revenue collected through this scheme will be reinvested into industrial infrastructure, including improving focal points and developing new industrial parks, boosting Punjab's industrial landscape.

A special virtual help desk will be set up by PSIEC to assist industry promoters in availing of the scheme, ensuring a smooth and hassle-free process for applicants. This initiative will enhance Punjab's reputation as an industry-friendly state, attract new investments, and create an environment conducive to business growth. The last date to avail of this scheme is December 31, 2025, providing ample time for defaulters to come forward and clear their outstanding dues. This move is expected to spur industrial growth, strengthen Punjab's economy, and reaffirm the government's commitment to supporting businesses and job creation in the state.

Gives nod to policy to allow the surrender of layout plan of industrial park project

The Cabinet also gave nod to policy to allow the surrender of layout plan of industrial park project, provided that the Promoter deposits the outstanding dues of statutory charges as levied by the Competent Authority at the time of approval. The decision has been taken due to non-availability of policy regarding surrender of layout of projects developed under the Industrial Park Policy dated 19-06-2019.

Accords approval to amend PPSC (Condition of Service) Regulation Act

The Cabinet also gave its consent to amend Clause 5(1) of the Punjab State Public Service Commission (Condition of Service) Regulation act for appointment of the chairman and members in the commission.

-----------

**ਮੁੱਖ ਮੰਤਰੀ ਦਫ਼ਤਰ, ਪੰਜਾਬ**

**ਸਨਅਤਕਾਰਾਂ ਨੂੰ ਵੱਡੀ ਰਾਹਤ; ਪੰਜਾਬ ਸਰਕਾਰ ਵੱਲੋਂ ਲੰਬਿਤ ਪਏ ਕੇਸਾਂ ਦੇ ਹੱਲ ਲਈ ਯਕਮੁਸ਼ਤ ਨਿਬੇੜਾ ਸਕੀਮ ਪੇਸ਼**

**ਪੰਜਾਬ ਭਰ ਦੇ 1145 ਸਨਅਤਕਾਰਾਂ ਨੂੰ ਮਿਲੇਗਾ ਲਾਭ**

**ਸਨਅਤਕਾਰ 31 ਦਸੰਬਰ 2025 ਤੱਕ ਇਸ ਸਕੀਮ ਦਾ ਲੈ ਸਕਣਗੇ ਲਾਹਾ**

**ਚੰਡੀਗੜ੍ਹ**, 3 **ਮਾਰਚ:**

**ਪੰਜਾਬ ਦੇ ਸਨਅਤਕਾਰਾਂ ਨੂੰ ਵੱਡੀ ਰਾਹਤ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਕੈਬਨਿਟ ਨੇ ਸੋਮਵਾਰ ਨੂੰ ਉਦਯੋਗਪਤੀਆਂ ਦੀ ਲੰਮੇ ਸਮੇਂ ਦੀ ਉਡੀਕ ਖ਼ਤਮ ਕਰਦਿਆਂ ਚਾਰ ਦਹਾਕਿਆਂ ਤੋਂ ਵੱਧ ਸਮੇਂ ਤੋਂ ਲੰਬਿਤ ਪਏ ਕੇਸਾਂ ਦੇ ਨਿਬੇੜੇ ਲਈ ਇਤਿਹਾਸਕ ਯਕਮੁਸ਼ਤ ਨਿਬੇੜਾ ਸਕੀਮ (ਓ.ਟੀ.ਐਸ.) ਸ਼ੁਰੂ ਕਰਨ ਦੀ ਪ੍ਰਵਾਨਗੀ ਦੇ ਦਿੱਤੀ ਹੈ।**

**ਇਸ ਸਬੰਧੀ ਫੈਸਲਾ ਅੱਜ ਇੱਥੇ ਮੁੱਖ ਮੰਤਰੀ ਦੀ ਅਗਵਾਈ ਹੇਠ ਉਨ੍ਹਾਂ ਦੀ ਸਰਕਾਰੀ ਰਿਹਾਇਸ਼ ਉਤੇ ਹੋਈ ਮੰਤਰੀ ਮੰਡਲ ਦੀ ਮੀਟਿੰਗ ਵਿੱਚ ਲਿਆ ਗਿਆ।**

ਇੱਥੇ ਮੁੱਖ ਮੰਤਰੀ ਦਫ਼ਤਰ ਦੇ ਬੁਲਾਰੇ ਨੇ ਦੱਸਿਆ ਕਿ ਇਹ ਓ.ਟੀ.ਐਸ. ਸਕੀਮ ਉਦਯੋਗਪਤੀਆਂ ਨੂੰ ਜ਼ਮੀਨ ਦੀਆਂ ਵਧੀਆਂ ਕੀਮਤਾਂ ਅਤੇ ਮੂਲ ਅਦਾਇਗੀਆਂ ਵਿੱਚ ਦੇਰੀ ਨਾਲ ਸਬੰਧਤ ਉਦਯੋਗਿਕ ਵਿਵਾਦਾਂ ਦਾ ਨਿਬੇੜਾ ਕਰਨ ਵਿੱਚ ਸਹੂਲਤ ਦੇਵੇਗੀ, ਜਿਸ ਨਾਲ ਉਦਯੋਗਪਤੀਆਂ ਦੀਆਂ ਲੰਮੇ ਸਮੇਂ ਤੋਂ ਲਟਕ ਰਹੀਆਂ ਸ਼ਿਕਾਇਤਾਂ ਦਾ ਨਿਰਪੱਖ ਅਤੇ ਪਾਰਦਰਸ਼ੀ ਢੰਗ ਨਾਲ ਨਿਪਟਾਰਾ ਯਕੀਨੀ ਹੋਵੇਗਾ। ਪੰਜਾਬ ਭਰ ਦੇ ਲਗਪਗ 1145 ਉਦਯੋਗਪਤੀਆਂ ਨੂੰ ਇਸ ਸਕੀਮ ਦਾ ਲਾਭ ਹੋਵੇਗਾ, ਜਿਸ ਨਾਲ ਉਹ ਆਪਣੇ ਬਕਾਏ ਕਲੀਅਰ ਕਰ ਸਕਣਗੇ ਅਤੇ ਆਪਣੇ ਕਾਰੋਬਾਰਾਂ ਵਿੱਚ ਮੁੜ ਨਿਵੇਸ਼ ਕਰ ਸਕਣਗੇ। ਇਸ ਨਾਲ ਆਰਥਿਕ ਵਿਕਾਸ ਅਤੇ ਰੋਜ਼ਗਾਰ ਦੇ ਨਵੇਂ ਮੌਕੇ ਸਿਰਜੇ ਜਾਣਗੇ। ਇਹ ਉਦਯੋਗਪਤੀ ਸਮੂਹਿਕ ਤੌਰ `ਤੇ ਹਜ਼ਾਰਾਂ ਲੋਕਾਂ ਨੂੰ ਰੋਜ਼ਗਾਰ ਦਿੰਦੇ ਹਨ ਅਤੇ ਸਕੀਮ ਰਾਹੀਂ ਦਿੱਤੀ ਗਈ ਵਿੱਤੀ ਰਾਹਤ ਕਾਰੋਬਾਰਾਂ ਨੂੰ ਹੋਰ ਸਥਿਰਤਾ ਪ੍ਰਦਾਨ ਕਰੇਗੀ, ਬੰਦ ਹੋਣ ਤੋਂ ਰੋਕੇਗੀ ਅਤੇ ਰੋਜ਼ਗਾਰ ਦੇ ਨਵੇਂ ਮੌਕੇ ਪੈਦਾ ਕਰੇਗੀ।
ਇਹ ਸਕੀਮ ਉਨ੍ਹਾਂ ਡਿਫਾਲਟਰ ਪਲਾਟ ਧਾਰਕਾਂ `ਤੇ ਲਾਗੂ ਹੋਵੇਗੀ, ਜਿਨ੍ਹਾਂ ਦੀ ਅਸਲ ਅਲਾਟਮੈਂਟ ਪਹਿਲੀ ਜਨਵਰੀ, 2020 ਨੂੰ ਜਾਂ ਇਸ ਤੋਂ ਪਹਿਲਾਂ ਹੋਈ ਸੀ। ਇਸ ਨਾਲ ਲਟਕਦੇ ਕੇਸਾਂ ਦਾ ਪ੍ਰਭਾਵਸ਼ਾਲੀ ਢੰਗ ਨਾਲ ਹੱਲ ਯਕੀਨੀ ਬਣੇਗਾ। ਪੰਜਾਬ ਭਰ ਵਿੱਚ ਪੰਜਾਬ ਰਾਜ ਉਦਯੋਗਿਕ ਨਿਰਯਾਤ ਨਿਗਮ (ਪੀ.ਐਸ.ਆਈ.ਈ.ਸੀ.) ਵੱਲੋਂ ਵਿਕਸਤ ਉਦਯੋਗਿਕ ਫੋਕਲ ਪੁਆਇੰਟਾਂ ਵਿੱਚ ਉਦਯੋਗਿਕ ਪਲਾਟਾਂ, ਸ਼ੈੱਡਾਂ ਅਤੇ ਰਿਹਾਇਸ਼ੀ ਪਲਾਟਾਂ ਨੂੰ ਇਸ ਸਕੀਮ ਅਧੀਨ ਕਵਰ ਕੀਤਾ ਜਾਵੇਗਾ। ਇਹ ਉਦਯੋਗ ਸੁਰਜੀਤੀ ਲਈ ਵਿਆਪਕ ਪਹਿਲਕਦਮੀ ਹੋਵੇਗੀ। ਸਕੀਮ ਅਨੁਸਾਰ ਸਰਕਾਰ ਡਿਫਾਲਟਰਾਂ ਨੂੰ ਦੰਡ ਵਿਆਜ ਦੀ 100 ਫੀਸਦੀ ਛੋਟ ਦੇ ਨਾਲ-ਨਾਲ ਅੱਠ ਫੀਸਦੀ ਦੀ

ਮਾਮੂਲੀ ਸਰਲ ਵਿਆਜ ਦਰ ਨਾਲ ਬਕਾਏ ਦੇ ਭੁਗਤਾਨ ਦੀ ਇਜਾਜ਼ਤ ਦੇ ਕੇ ਵਿੱਤੀ ਰਾਹਤ ਪ੍ਰਦਾਨ ਕਰੇਗੀ।

ਜਿਨ੍ਹਾਂ ਪਲਾਟ ਧਾਰਕਾਂ ਦੀ ਅਲਾਟਮੈਂਟ ਰੱਦ ਵੀ ਹੋ ਗਈ ਸੀ, ਉਨ੍ਹਾਂ ਨੂੰ ਵੀ ਆਪਣੇ ਬਕਾਇਆ ਦੇ ਭੁਗਤਾਨ ਨਾਲ ਆਪਣਾ ਕਾਰੋਬਾਰ ਮੁੜ ਸ਼ੁਰੂ ਕਰਨ ਅਤੇ ਵਿਕਾਸ ਕਰਨ ਦਾ ਮੌਕਾ ਮਿਲੇਗਾ। ਇਸ ਸਕੀਮ ਨਾਲ ਸਨਅਤਾਂ ਨੂੰ ਖ਼ੁਦ ਨੂੰ ਵੱਡੇ ਵਿੱਤੀ ਬੋਝ ਅਤੇ ਕਾਨੂੰਨੀ ਅੜਿੱਕਿਆਂ ਤੋਂ ਨਿਕਲਣ ਦਾ ਮੌਕਾ ਮਿਲੇਗਾ, ਜਿਸ ਨਾਲ ਉਹ ਆਪਣੇ ਵਿਸਤਾਰ ਅਤੇ ਆਧੁਨਿਕੀਕਰਨ ਦੀ ਸੰਭਾਵਨਾ ਤਲਾਸ਼ ਸਕਣਗੀਆਂ। ਇਸ ਸਕੀਮ ਤਹਿਤ ਇਕੱਤਰ ਮਾਲੀਆ ਨੂੰ ਸਨਅਤੀ ਬੁਨਿਆਦੀ ਢਾਂਚੇ ਵਿੱਚ ਮੁੜ ਨਿਵੇਸ਼ ਕੀਤਾ ਜਾਵੇਗਾ, ਜਿਸ ਨਾਲ ਫੋਕਲ ਪੁਆਇੰਟਾਂ ਦੀ ਹਾਲਤ ਸੁਧਰੇਗੀ ਅਤੇ ਨਵੇਂ ਸਨਅਤੀ ਪਾਰਕਾਂ ਦਾ ਵਿਕਾਸ ਕਰ ਕੇ ਪੰਜਾਬ ਵਿੱਚ ਸਨਅਤੀ ਵਿਕਾਸ ਨੂੰ ਹੁਲਾਰਾ ਦਿੱਤਾ ਜਾਵੇਗਾ।

ਬਿਨੈਕਾਰਾਂ ਦੀ ਸਹੂਲਤ ਤੇ ਸਮੁੱਚੀ ਕਾਰਵਾਈ ਨੂੰ ਸੁਚਾਰੂ ਬਣਾਉਣ ਅਤੇ ਇਸ ਸਕੀਮ ਦਾ ਲਾਭ ਹਾਸਲ ਕਰਨ ਲਈ ਸਨਅਤਕਾਰਾਂ ਦੇ ਸਹਿਯੋਗ ਲਈ ਪੀ.ਐਸ.ਆਈ.ਈ.ਸੀ. ਵੱਲੋਂ ਵਿਸ਼ੇਸ਼ ਵਰਚੂਅਲ ਹੈਲਪ ਡੈਸਕ ਸਥਾਪਤ ਕੀਤਾ ਜਾਵੇਗਾ। ਇਸ ਪਹਿਲਕਦਮੀ ਨਾਲ ਪੰਜਾਬ ਦੀ ਸਨਅਤ ਪੱਖੀ ਸੂਬੇ ਵਜੋਂ ਦਿੱਖ ਹੋਰ ਵਧੀਆ ਹੋਵੇਗੀ, ਜਿਸ ਨਾਲ ਨਵਾਂ ਨਿਵੇਸ਼ ਆਏਗਾ ਅਤੇ ਕਾਰੋਬਾਰ ਦੀ ਤਰੱਕੀ ਲਈ ਸੁਖਾਵਾਂ ਮਾਹੌਲ ਬਣੇਗਾ। ਇਸ ਸਕੀਮ ਦੀ ਅੰਤਮ ਮਿਤੀ 31 ਦਸੰਬਰ 2025 ਹੈ ਤਾਂ ਜੋ ਡਿਫਾਲਟਰਾਂ ਨੂੰ ਆਪਣੇ ਬਕਾਏ ਦੇ ਭੁਗਤਾਨ ਲਈ ਚੋਖਾ ਸਮਾਂ ਮਿਲੇਗਾ। ਇਸ ਕਦਮ ਨਾਲ ਸਨਅਤੀ ਵਿਕਾਸ ਵਿੱਚ ਤੇਜ਼ੀ ਆਉਣ ਦੀ ਸੰਭਾਵਨਾ ਹੈ। ਇਸ ਨਾਲ ਸੂਬਾ ਸਰਕਾਰ ਦੀ ਪੰਜਾਬ ਵਿੱਚ ਵਪਾਰ ਨੂੰ ਸਹਿਯੋਗ ਅਤੇ ਨੌਕਰੀ ਦੇ ਮੌਕੇ ਸਿਰਜਣ ਦੀ ਵਚਨਬੱਧਤਾ ਦੀ ਮੁੜ ਪੁਸ਼ਟੀ ਹੋਵੇਗੀ।

ਸਨਅਤੀ ਪਾਰਕ ਪ੍ਰਾਜੈਕਟ ਦੇ ਲੇਅ-ਆਊਟ ਪਲਾਨ ਨੂੰ ਸਰੰਡਰ ਕਰਨ ਦੀ ਮਨਜ਼ੂਰੀ ਦੇਣ ਵਾਲੀ ਨੀਤੀ ਨੂੰ ਸਹਿਮਤੀ **ਕੈਬਨਿਟ ਨੇ ਸਨਅਤੀ ਪਾਰਕ ਪ੍ਰਾਜੈਕਟ ਦੇ ਲੇਅ-ਆਊਟ ਪਲਾਨ ਨੂੰ ਸਰੰਡਰ ਕਰਨ ਦੀ ਮਨਜ਼ੂਰੀ ਦੇਣ ਵਾਲੀ ਨੀਤੀ ਨੂੰ ਸਹਿਮਤੀ ਦੇ ਦਿੱਤੀ, ਬਸ਼ਰਤੇ ਕਿ ਪ੍ਰੋਮੋਟਰ ਮਨਜ਼ੂਰੀ ਸਮੇਂ ਸਮਰੱਥ ਅਥਾਰਟੀ ਵੱਲੋਂ ਲਗਾਏ ਗਏ ਵਿਧਾਨਿਕ ਖ਼ਰਚੇ ਦੇ ਬਕਾਇਆ ਜਮ੍ਹਾਂ ਕਰਵਾਏ। ਇਹ ਫੈਸਲਾ ਸਨਅਤੀ ਪਾਰਕ ਨੀਤੀ ਮਿਤੀ** 19-06-2019 **ਅਧੀਨ ਵਿਕਸਤ**

**ਪ੍ਰਾਜੈਕਟਾਂ ਦੇ ਲੇਅ-ਆਊਟ ਨੂੰ ਸਰੰਡਰ ਕਰਨ ਸਬੰਧੀ ਨੀਤੀ ਨਾ ਹੋਣ ਕਾਰਨ ਲਿਆ ਗਿਆ ਹੈ।**

**ਪੀ.ਪੀ.ਐਸ.ਸੀ. (ਸੇਵਾ ਨਿਯਮ) ਰੈਗੂਲੇਸ਼ਨ ਐਕਟ ਵਿੱਚ ਸੋਧ ਨੂੰ ਮਨਜ਼ੂਰੀ ਮੰਤਰੀ ਮੰਡਲ ਨੇ ਪੰਜਾਬ ਰਾਜ ਲੋਕ ਸੇਵਾ ਕਮਿਸ਼ਨ (ਸੇਵਾ ਨਿਯਮ) ਰੈਗੂਲੇਸ਼ਨ ਐਕਟ ਦੀ ਧਾਰਾ 5(1) ਵਿੱਚ ਸੋਧ ਨੂੰ ਵੀ ਪ੍ਰਵਾਨਗੀ ਦੇ ਦਿੱਤੀ ਤਾਂ ਕਿ ਕਮਿਸ਼ਨ ਦੇ ਚੇਅਰਮੈਨ ਤੇ ਮੈਂਬਰਾਂ ਦੀ ਨਿਯੁਕਤੀ ਹੋ ਸਕੇ।**

**--------------**

मुख्यमंत्री कार्यालय, पंजाब

**उद्योगपतियों को बड़ी राहत; पंजाब सरकार की ओर से लंबित मामलों के समाधान के लिए वन टाइम सेटलमेंट योजना पेश**

**- पंजाब भर के 1145 उद्योगपतियों को मिलेगा लाभ**

**- उद्योगपति 31 दिसंबर 2025 तक इस योजना का लाभ ले सकेंगे**

**चंडीगढ़, 3 मार्च**

पंजाब के उद्योगपतियों को बड़ी राहत देते हुए मुख्यमंत्री भगवंत सिंह मान के नेतृत्व में पंजाब कैबिनेट ने सोमवार को उद्योगपतियों की लंबी समय की प्रतीक्षा समाप्त करते हुए चार दशकों से अधिक समय से लंबित मामलों के निपटारे के लिए ऐतिहासिक वन टाइम सेटलमेंट (ओ.टी.एस.) शुरू करने की स्वीकृति दे दी है।

इस संबंध में निर्णय आज यहां मुख्यमंत्री के नेतृत्व में उनके सरकारी आवास पर हुई मंत्रिमंडल की बैठक में लिया गया।

यहां मुख्यमंत्री कार्यालय के प्रवक्ता ने बताया कि यह ओ.टी.एस. योजना उद्योगपतियों को जमीन की बढ़ी कीमतों और मूल भुगतानों में देरी से संबंधित औद्योगिक विवादों का निपटारा करने में सुविधा देगी, जिससे उद्योगपतियों की लंबी समय से लटकी हुई शिकायतों का निष्पक्ष और पारदर्शी तरीके से निपटारा सुनिश्चित होगा। पंजाब भर के लगभग 1145 उद्योगपतियों को इस योजना का लाभ होगा, जिससे वे अपने बकाये क्लीयर कर सकेंगे और अपने व्यवसायों में पुनर्निवेश कर सकेंगे। इससे आर्थिक विकास और रोजगार के नए अवसर सृजित होंगे। ये उद्योगपति सामूहिक रूप से हजारों लोगों को रोजगार देते हैं और योजना के माध्यम से दी गई वित्तीय राहत व्यवसायों को और स्थिरता प्रदान करेगी, बंद होने से रोकेगी और रोजगार के नए अवसर पैदा करेगी।

यह योजना उन डिफाल्टर प्लाट धारकों पर लागू होगी, जिनका मूल आवंटन पहली जनवरी, 2020 को या

इससे पहले हुआ था। इससे लटके मामलों का प्रभावशाली ढंग से निपटारा सुनिश्चित होगा। पंजाब भर में पंजाब राज्य औद्योगिक निर्यात निगम (पी.एस.आई.ई.सी.) द्वारा विकसित औद्योगिक फोकल पॉइंट्स में औद्योगिक प्लाटों, शेडों और आवासीय प्लाटों को इस योजना के अंतर्गत कवर किया जाएगा। यह औद्योगिक सृजन के लिए व्यापक पहल होगी। योजना अनुसार सरकार डिफाल्टरों को दंड ब्याज की 100 प्रतिशत छूट के साथ-साथ आठ प्रतिशत की मामूली सरल ब्याज दर के साथ बकाए के भुगतान की अनुमति देकर वित्तीय राहत प्रदान करेगी।

जिन प्लाट धारकों का आवंटन रद्द भी हो गया था, उन्हें भी अपने बकाया के भुगतान के साथ अपना व्यवसाय पुनः शुरू करने और विकास करने का मौका मिलेगा। इस योजना से उद्योगों को स्वयं को बड़े वित्तीय बोझ और कानूनी अड़चनों से निकलने का मौका मिलेगा, जिससे वे अपने विस्तार और आधुनिकीकरण की संभावना तलाश सकेंगे। इस योजना के तहत एकत्रित राशि को औद्योगिक बुनियादी ढांचे में पुनर्निवेश किया जाएगा, जिससे फोकल पॉइंट्स की स्थिति सुधरेगी और नए औद्योगिक पार्कों का विकास करके पंजाब में औद्योगिक विकास को प्रोत्साहित किया जाएगा।

आवेदनकर्ताओं की सुविधा और समूची कार्रवाई को सुचारू बनाने और इस योजना का लाभ प्राप्त करने के लिए उद्योगपतियों के सहयोग के लिए पी.एस.आई.ई.सी. द्वारा विशेष वर्चुअल हेल्प डेस्क स्थापित किया जाएगा। इस पहल से पंजाब की औद्योगिक पक्षधर राज्य के रूप में छवि और बेहतर होगी, जिससे नया निवेश आएगा और व्यवसाय की वृद्धि के लिए सुखद माहौल बनेगा। इस योजना की अंतिम तिथि 31 दिसंबर 2025 है ताकि डिफाल्टरों को अपने बकाए के भुगतान के लिए पर्याप्त समय मिल सके। इस कदम से औद्योगिक विकास में तेजी आने की संभावना है। इससे राज्य सरकार की पंजाब में व्यापार को सहयोग और नौकरी के अवसर सृजित करने की वचनबद्धता की पुनः पुष्टि होगी।

औद्योगिक पार्क परियोजना के ले-आउट योजना को सरेंडर करने की स्वीकृति देने वाली नीति को सहमति

कैबिनेट ने औद्योगिक पार्क परियोजना के ले-आउट योजना को सरेंडर करने की स्वीकृति देने वाली नीति को सहमति दे दी, बशर्ते कि प्रमोटर स्वीकृति समय में सक्षम प्राधिकारी द्वारा लगाए गए विधिक खर्च के बकाया जमा कराएं। यह निर्णय औद्योगिक पार्क नीति तिथि 19-06-2019 अंतर्गत विकसित परियोजनाओं के ले-आउट को सरेंडर करने संबंधी नीति न होने के कारण लिया गया है।

पी.पी.एस.सी. (सेवा नियम) रेगुलेशन एक्ट में संशोधन को स्वीकृति

मंत्रिमंडल ने पंजाब राज्य लोक सेवा आयोग (सेवा नियम) रेगुलेशन एक्ट की धारा 5(1) में संशोधन को भी स्वीकृति दे दी ताकि आयोग के चेयरमैन और सदस्यों की नियुक्ति हो सके।

-----------